ਹਰਿਆਣਾ ਵਿਖੇ ਹੋ ਰਹੇ ਲੋਕ ਸਭਾ ਚੋਣਾਂ ਦੇ ਮੱਦੇਨਜ਼ਰ ਜ਼ਿਲਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੀਆਂ ਸਰਹੱਦਾਂ ਨੂੰ ਕੀਤਾ ਗਿਆ ਹੈ ਸੀਲ

ਕਿਸੇ ਵੀ ਸ਼ਰਾਰਤੀ ਅਨਸਰ ਨੂੰ ਬਖਸ਼ਿਆ ਨਹੀਂ ਜਾਵੇਗਾ




ਸ੍ਰੀ ਮੁਕਤਸਰ ਸਾਹਿਬ ( ) ਮਾਨਯੋਗ ਚੋਣ ਕਮਿਸ਼ਨ ਅਤੇ ਸ੍ਰੀ ਗੋਰਵ ਯਾਦਵ ਆਈ.ਪੀ.ਐਸ. ਡੀ.ਜੀ.ਪੀ. ਪੰਜਾਬ ਦੀਆਂ ਹਦਾਇਤਾਂ ਤਹਿਤ ਸ੍ਰੀ ਭਾਗੀਰਥ ਸਿੰਘ ਮੀਨਾ ਆਈ.ਪੀ.ਐਸ ਐਸ.ਐਸ.ਪੀ ਸ੍ਰੀ ਮੁਕਤਸਰ ਸਾਹਿਬ ਵੱਲੋਂ ਲੋਕ ਸਭਾ ਚੋਣਾਂ ਦੇ ਮੱਦੇ ਨਜ਼ਰ ਜ਼ਿਲਾ ਅੰਦਰ ਅਮਨ ਕਾਨੂੰਨ ਦੀ ਸਥਿਤੀ ਨੂੰ ਬਰਕਰਾਰ ਰੱਖਣ ਦੇ ਲਈ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ ਹਨ, ਇਸ ਦੇ ਨਾਲ ਹੀ ਜਿਲੇ ਦੇ ਨਾਲ ਲੱਗਦੇ ਦੂਜੇ ਸੂਬਿਆਂ ਦੀਆਂ ਸਰਹੱਦਾਂ ਨੂੰ ਨਾਕਾਬੰਦੀ ਕਰ ਪੂਰੀ ਤਰ੍ਹਾਂ ਸੀਲ ਕੀਤਾ ਗਿਆ ਹੈ ਅਤੇ ਸੀਲ ਕਰਕੇ ਵਹੀਕਲਾਂ ਦੀ ਚੈਕਿੰਗ ਕੀਤੀ ਜਾ ਰਹੀ ਹੈ ਤਾਂ ਜੋ ਸ਼ਰਾਰਤੀ ਅਨਸਰਾਂ ਤੇ ਨੱਥ ਪਾਈ ਜਾ ਸਕੇ ਅਤੇ ਨਸ਼ਾ ਤਸਕਰੀ ਨੂੰ ਰੋਕਿਆ ਜਾ ਸਕੇ। ਇਸ ਦੇ ਚਲਦਿਆਂ ਅੱਜ ਹਰਿਆਣਾ ਵਿਖੇ ਹੋ ਰਹੀਆਂ ਲੋਕ ਸਭਾ ਚੋਣਾਂ ਨੂੰ ਲੈ ਕੇ ਸ੍ਰੀ ਜਿਲਾ ਸ੍ਰੀ ਮੁਕਤਸਰ ਸਾਹਿਬ ਦੇ ਨਾਲ ਲੱਗਦੀਆਂ ਰਾਜਸਥਾਨ ਅਤੇ ਹਰਿਆਣਾ ਦੀਆਂ ਸਰਹੱਦਾ ਤੇ ਲੱਗੇ ਨਾਕੇ ਲਗਾ ਕੇ ਸਖਤ ਸੁਰੱਖਿਆ ਪ੍ਰਬੰਧ ਕੀਤੇ ਗਏ।